# ਆਕਾਸ਼ਵਾਣੀ ਜਲੰਧਰ

# ਪ੍ਰਦੇਸਕ ਖਬਰਾਂ ਪੰਜਾਬੀ

## 18:20

**ਮਿਤੀ : 15-10-2026**

## ਪਹਿਲਾਂ ਬੁਲੇਟਿਨ ਦੀਆਂ ਖ਼ਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਏਸ਼ੀਅਨ ਖੇਡਾਂ-2026 ਵਿੱਚ ਹਿੱਸਾ ਲੈਣ ਵਾਲੇ ਭਾਰਤੀ ਦਲ ਨਾਲ ਗੱਲਬਾਤ ਕੀਤੀ-ਕਿਹਾ ਕਿ ਖਿਡਾਰੀਆਂ ਨੇ ਤਮਗੇ ਜਿੱਤ ਕੇ, ਦੇਸ਼ ਦੇ ਕਰੋੜਾਂ ਦੇਸ਼ਵਾਸੀਆਂ ਦਾ ਮਾਣ ਵਧਾਇਆ ਏ।

- ਸਰਵਉੱਚ ਅਦਾਲਤ ਦਾ ਫੈਸਲਾ -ਇਸਲਾਮ ਧਰਮ ਅਪਣਾਉਣ ਵਾਲੇ ਹਿੰਦੂ ਪਛੜੇ ਵਰਗਾਂ ਲਈ ਰਾਖਵੇਂਕਰਨ ਦਾ ਲਾਭ ਨਹੀਂ ਲੈ ਸਕਦੇ।

- ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ, ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ ਅਤੇ ਉਸਨੂੰ ਪਨਾਹ ਦੇਣ ਵਾਲੇ ਸਾਥੀ ਵਿਪਿਨ ਗਰਗ ਨੂੰ, 22 ਅਕਤੂਬਰ ਤੱਕ ਪੁਲਿਸ ਹਿਰਾਸਤ ਵਿੱਚ ਭੇਜਿਆ ਗਿਆ।

- ਕੇਂਦਰ ਸਰਕਾਰ ਵਲੋਂ ਫਾਜ਼ਿਲਕਾ ਵਿੱਚ ਸੇਮ ਦੇ ਪੱਕੇ ਹੱਲ ਲਈ ਪਹਿਲਕਦਮੀ-BJP ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕੀਤਾ ਸਵਾਗਤ।

- ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਅਤੇ ਮੋਹਾਲੀ ਵਿੱਚ ਦੋ ਵੱਖ-ਵੱਖ ਕਾਰਵਾਈਆਂ ਵਿੱਚ, 23 ਪਿਸਤੌਲ, ਦੋ ਹੱਥ ਗੋਲੇ , 1 ਅਸਾਲਟ ਰਾਈਫਲ ਅਤੇ ਗੋਲਾ ਬਾਰੂਦ ਬਰਾਮਦ ਕੀਤਾ।

- ਭਾਰਤੀ ਪਹਿਲਵਾਨ ਵਿਸ਼ਵਜੀਤ ਰਾਮ-ਚੰਦਰ ਮੋਰ ਨੇ ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ ਦੇ ਗ੍ਰੀਕੋ-ਰੋਮਨ ਫਾਈਨਲ ਵਿੱਚ, ਚਾਂਦੀ ਦਾ ਤਮਗਾ ਜਿੱਤ ਕੇ ਇਤਿਹਾਸ ਰਚਿਆ।

## **ਹੁਣ ਖਬਰਾਂ ਵਿਸਥਾਰ ਨਾਲ**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ ਏਸ਼ੀਅਨ ਖੇਡਾਂ-2026 ਵਿੱਚ ਹਿੱਸਾ ਲੈਣ ਵਾਲੇ ਭਾਰਤੀ ਦਲ ਨਾਲ ਗੱਲਬਾਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਖਿਡਾਰੀਆਂ ਨੇ ਤਮਗੇ ਜਿੱਤ ਕੇ, ਦੇਸ਼ ਦੇ ਕਰੋੜਾਂ ਦੇਸ਼ਵਾਸੀਆਂ ਦਾ ਮਾਨ ਵਧਾਇਆ ਏ।

BYTE

---

ਯੁਵਾ ਮਾਮਲੇ ਅਤੇ ਖੇਡ ਮੰਤਰੀ, ਡਾ. ਮਨਸੁਖ ਮਾਂਡਵੀਆ, ਯੁਵਾ ਮਾਮਲੇ ਅਤੇ ਖੇਡ ਰਾਜ ਮੰਤਰੀ, ਰਕਸ਼ਾ ਖੜਸੇ ਅਤੇ ਭਾਰਤੀ ਓਲੰਪਿਕ ਐਸੋਸੀਏਸ਼ਨ ਦੇ ਪ੍ਰਧਾਨ ਪੀ.ਟੀ. ਊਸ਼ਾ ਇਸ ਮੌਕੇ 'ਤੇ ਮੌਜੂਦ ਰਹੇ।

ਜ਼ਿਕਰਯੋਗ ਏ ਕਿ ਭਾਰਤ ਜਾਪਾਨ ਦੇ ਆਈਚੀ-ਨਾਗੋਆ ਵਿੱਚ ਹੋਈਆਂ ਏਸ਼ੀਆਈ ਖੇਡਾਂ ਵਿੱਚ ਤਾਮਗਾ ਸੂਚੀ ਵਿੱਚ ਚੌਥੇ ਸਥਾਨ 'ਤੇ ਰਿਹਾ, ਜਿਸ ਵਿੱਚ 21 ਸੋਨ, 27 ਚਾਂਦੀ ਅਤੇ 37 ਕਾਂਸੀ ਦੇ ਤਮਗੇ ਸ਼ਾਮਲ ਨੇ।

-----------------------------------------------------------

ਸਰਵਉੱਚ ਅਦਾਲਤ ਨੇ ਫੈਸਲਾ ਸੁਣਾਇਆ ਏ ਕਿ, ਜੋ ਵਿਅਕਤੀ ਹਿੰਦੂ ਧਰਮ ਛੱਡ ਕੇ ਇਸਲਾਮ ਜਾਂ ਕਿਸੇ ਹੋਰ ਗੈਰ-ਹਿੰਦੂ ਧਰਮ ਵਿੱਚ ਚਲੇ ਜਾਂਦੇ ਨੇ, ਉਹ 'ਪੱਛੜੀ ਸ਼੍ਰੇਣੀ' ਵਰਗ ਤਹਿਤ ਰਾਖਵੇਂਕਰਨ ਦੇ ਫਾਇਦਿਆਂ ਦਾ ਦਾਅਵਾ ਨਹੀਂ ਕਰ ਸਕਦੇ। ਮਦਰਾਸ ਹਾਈ ਕੋਰਟ ਦੇ ਇੱਕ ਫੈਸਲੇ ਖਿਲਾਫ ਤਾਮਿਲਨਾਡੂ ਸਰਕਾਰ ਦੀ ਪਟੀਸ਼ਨ ਨੂੰ ਖਾਰਜ ਕਰਦਿਆਂ, ਜਸਟਿਸ ਪ੍ਰਸ਼ਾਂਤ ਕੁਮਾਰ ਮਿਸ਼ਰਾ ਅਤੇ ਜਸਟਿਸ ਸ਼੍ਰੀ ਚੰਦਰ-ਸ਼ੇਖਰ ਦੀ ਬੈਂਚ ਨੇ ਕਿਹਾ ਕਿ ਧਰਮ ਬਦਲਣ ਤੋਂ ਬਾਅਦ, ਕਿਸੇ ਪੁਰਾਣੀ ਜਾਤ ਦੇ  ਸਮਾਜਿਕ ਪੱਛੜੇਪਨ ਨੂੰ ਅੱਗੇ ਨਹੀਂ ਵਧਾਇਆ ਜਾ ਸਕਦਾ। ਅਦਾਲਤ ਨੇ ਐਲਾਨ ਕੀਤਾ ਕਿ ਸੰਵਿਧਾਨ ਦੀ ਧਾਰਾ 16(4) ਦੇ ਅਧੀਨ ਮਿਲਣ ਵਾਲੇ ਕਾਨੂੰਨੀ ਲਾਭ, ਸਿਰਫ਼ ਕਿਸੇ ਵਿਅਕਤੀ ਦੇ ਧਰਮ ਬਦਲਣ ਤੋਂ ਪਹਿਲਾਂ ਵਾਲੇ ਦਰਜੇ ਦੇ ਆਧਾਰ 'ਤੇ ਨਹੀਂ ਦਿੱਤੇ ਜਾ ਸਕਦੇ। ਅਦਾਲਤ ਨੇ ਇਹ ਵੀ ਦੁਹਰਾਇਆ ਕਿ ਹਿੰਦੂ, ਸਿੱਖ ਜਾਂ ਬੋਧ

ਧਰਮ ਨੂੰ ਛੱਡ ਕੇ ਕਿਸੇ ਹੋਰ ਵਿਅਕਤੀ ਨੂੰ 'ਅਨੁਸੂਚਿਤ ਜਾਤੀ' ਦਾ ਦਰਜਾ ਪ੍ਰਾਪਤ ਨਹੀਂ ਏ।

-----------------------------------------------------

ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ, ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ ਅਤੇ ਉਸਨੂੰ ਪਨਾਹ ਦੇਣ ਵਾਲੇ ਸਾਥੀ ਵਿਪਿਨ ਗਰਗ ਨੂੰ 22 ਅਕਤੂਬਰ ਤੱਕ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਏ । ਮਾਨਸਾ ਪੁਲਿਸ ਨੇ ਅੱਜ ਦੋਵਾਂ ਨੂੰ ਵੀਡੀਓ ਕਾਨਫਰੰਸ ਰਾਹੀਂ ਮੁੱਖ ਨਿਆਂਇਕ ਮਜਿਸਟਰੇਟ ਦੀ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਗਿਆ । ਪੰਜਾਬ ਸਰਕਾਰ ਨੇ ਮਾਨਸਾ ਦੀ ਐਸ.ਐਚ.ਓ  ਬੇਅੰਤ ਕੌਰ ਨੂੰ ਵੀ ਮੁਅੱਤਲ ਕਰ ਦਿੱਤਾ ਏ । ਇਸ ਦੌਰਾਨ, ਪੰਜਾਬ ਬੰਦ ਦਾ ਮਿਲਿਆ-ਜੁਲਿਆ ਹੁੰਗਾਰਾ ਮਿਲਿਆ ਅਤੇ ਇਹ ਸ਼ਾਂਤੀਪੂਰਵਕ ਢੰਗ ਨਾਲ ਸਮਾਪਤ ਹੋਇਆ।

## ਵੇਰਵੇ ਨਾਲ ਇਕ ਰਿਪੋਰਟ

ਮੰਗਲਵਾਰ ਨੂੰ ਮਾਨਸਾ ਵਿੱਚ ਪਰਵਿੰਦਰ ਸਿੰਘ ਦੇ ਕਤਲ ਦੇ ਵਿਰੋਧ ਵਿੱਚ ਬੰਦ ਦਾ ਸੱਦਾ ਦਿੱਤਾ ਗਿਆ ਸੀ। ਸੂਬੇ ਦੇ ਕਈ ਹਿੱਸਿਆਂ ਵਿੱਚ ਬਾਜ਼ਾਰ ਅਤੇ ਨਿੱਜੀ ਵਿਦਿਅਕ ਅਦਾਰੇ ਬੰਦ ਰਹੇ। ਕੁਝ ਥਾਵਾਂ 'ਤੇ ਮੁੱਖ ਅਤੇ ਅੰਦਰੂਨੀ ਸੜਕਾਂ ਵੀ ਜਾਮ ਕੀਤੀਆਂ ਗਈਆਂ। ਪ੍ਰਦਰਸ਼ਨਕਾਰੀਆਂ ਨੇ ਨਸ਼ਿਆਂ ਦੇ ਖਤਰੇ ਨੂੰ ਰੋਕਣ ਅਤੇ ਮੌਜੂਦਾ ਕਾਨੂੰਨ ਵਿਵਸਥਾ ਨੂੰ ਕੰਟਰੋਲ ਕਰਨ ਵਿੱਚ ਅਸਫਲ ਰਹਿਣ ਲਈ ਰਾਜ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਪੁਲਿਸ ਨੇ ਸ਼ਾਂਤੀ ਬਣਾਈ ਰੱਖਣ ਲਈ ਵਿਆਪਕ ਪ੍ਰਬੰਧ ਕੀਤੇ ਸਨ। ਕਈ ਰਾਜਨੀਤਿਕ ਪਾਰਟੀਆਂ, ਕਿਸਾਨ ਯੂਨੀਅਨਾਂ ਅਤੇ ਵਪਾਰੀ ਸੰਗਠਨਾਂ ਨੇ ਬੰਦ ਨੂੰ ਸਮਰਥਨ ਦਿੱਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਹੈ ਕਿ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਦੇ ਕਤਲ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।  ਰਾਜੇਸ਼ ਬਾਲੀ/ਆਕਾਸ਼ਵਾਣੀ ਨਿਊਜ਼/ਜਲੰਧਰ

ਇਸ ਦੌਰਾਨ, ਲੁਧਿਆਣਾ ਵਿੱਚ, ਪੰਜਾਬ ਬੰਦ ਦੇ ਵਿਰੋਧ ਪ੍ਰਦਰਸ਼ਨ ਦੌਰਾਨ ਇੱਕ ਨੌਜਵਾਨ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ ।

---

---------------------------------------------------------

BJP ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਸੇਮ ਅਚੇਤ ਜਲ-ਭਰਾਅ ਦੀ ਗੰਭੀਰ ਸਮੱਸਿਆ ਦੇ ਸਥਾਈ ਹੱਲ ਲਈ ਕੇਂਦਰ ਸਰਕਾਰ ਵੱਲੋਂ ਕੀਤੀ ਗਈ ਪਹਿਲਕਦਮੀ ਦਾ ਸਵਾਗਤ ਕੀਤਾ ਏ । ਸ੍ਰੀ ਢਿੱਲੋਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦਾ ਪੰਜਾਬ ਦੇ ਕਿਸਾਨਾਂ ਦੀ ਤਰਫ਼ੋਂ ਧੰਨਵਾਦ ਕੀਤਾ ਏ । ਉਨ੍ਹਾਂ ਨੇ ਦੱਸਿਆ ਕਿ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਵੱਲੋਂ ਫਾਜ਼ਿਲਕਾ ਵਿੱਚ ਸੇਮ ਦੀ ਸਮੱਸਿਆ ਦੇ ਸਥਾਈ ਹੱਲ ਲਈ ਭਾਰਤੀ ਖੇਤੀਬਾੜੀ ਖੋਜ ਸੰਸਥਾਨ ਕਰਨਾਲ ਦੇ ਡਾਇਰੈਕਟਰ ਦੀ ਅਗਵਾਈ ਹੇਠ ਛੇ ਮੈਂਬਰੀ ਮਾਹਿਰ ਕਮੇਟੀ ਕਾਇਮ ਕਰਨਾ ਇੱਕ ਮਹੱਤਵਪੂਰਨ ਕਦਮ ਏ । ਇਹ ਕਮੇਟੀ ਪ੍ਰਭਾਵਿਤ ਖੇਤਰਾਂ ਦਾ ਜ਼ਮੀਨੀ ਪੱਧਰ 'ਤੇ ਮੁਲਾਂਕਣ ਕਰੇਗੀ ਅਤੇ ਸੇਮ ਕਾਰਨ ਪ੍ਰਭਾਵਿਤ ਹੋਈ ਖੇਤੀਯੋਗ ਜ਼ਮੀਨ ਦੀ ਮੁੜ ਬਹਾਲੀ ਲਈ ਢੁੱਕਵੇਂ ਅਤੇ ਵਿਗਿਆਨਕ ਹੱਲ ਸੁਝਾਏਗੀ। ਉਨ੍ਹਾਂ ਕਿਹਾ ਕਿ ਫਾਜ਼ਿਲਕਾ ਅਤੇ ਨੇੜਲੇ ਖੇਤਰਾਂ ਵਿੱਚ ਸੇਮ ਕਾਰਨ ਕਿਸਾਨਾਂ ਦਾ ਹਰ ਸਾਲ ਭਾਰੀ ਨੁਕਸਾਨ ਹੁੰਦਾ ਏ । ਅਜਿਹੇ ਵਿੱਚ ਮਾਹਿਰ ਕਮੇਟੀ ਦੀ ਪਹਿਲਕਦਮੀ ਨਾਲ ਸਮੱਸਿਆ ਦੇ ਮੂਲ ਕਾਰਨਾਂ ਦੀ ਪਛਾਣ ਕਰਨ ਅਤੇ ਪੱਕੇ ਤੌਰ ਉੱਤ ਪ੍ਰਭਾਵਸ਼ਾਲੀ ਹੱਲ ਤਿਆਰ ਕਰਨ ਵਿੱਚ ਮਦਦ ਮਿਲੇਗੀ। ਇਹ ਕਦਮ

ਪੰਜਾਬ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਦੇ ਵਿਗਿਆਨਕ ਅਤੇ ਸਥਾਈ ਹੱਲ ਵੱਲ ਇੱਕ ਅਹਿਮ ਪਹਿਲ ਏ ।

---------------------------------------------------

ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਅਤੇ ਮੋਹਾਲੀ ਵਿੱਚ ਦੋ ਵੱਖ-ਵੱਖ ਕਾਰਵਾਈਆਂ ਵਿੱਚ 23 ਪਿਸਤੌਲ, ਦੋ ਹੱਥ ਗੋਲੇ , ਇਕ ਅਸਾਲਟ ਰਾਈਫਲ ਅਤੇ ਗੋਲਾ ਬਾਰੂਦ ਬਰਾਮਦ ਕੀਤਾ । ਸੋਸ਼ਲ ਮੀਡੀਆ ਪੋਸਟਾਂ ਵਿੱਚ ਜਾਣਕਾਰੀ ਸਾਂਝੀ ਕਰਦੇ ਹੋਏ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ  ਕਿ ਦੋਵਾਂ ਮਾਮਲਿਆਂ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ 8 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । ਤਿੰਨ ਵਿਅਕਤੀਆਂ ਦੇ ਮੋਹਾਲੀ ਮਾਡਿਊਲ ਵਿੱਚ ਹਰਿਆਣਾ ਸਥਿਤ ਹਥਿਆਰ ਸਪਲਾਇਰ ਸ਼ਾਮਲ ਏ । ਮੋਹਾਲੀ ਦੇ ਐਸ.ਐਸ.ਪੀ ਵਰੁਣ ਸ਼ਰਮਾ ਨੇ ਵੇਰਵੇ ਸਾਂਝੇ ਕੀਤੇ

BYTE

ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਮੁਲਜ਼ਮ ਕਥਿਤ ਤੌਰ 'ਤੇ ਦੂਰ-ਦੁਰਾਡੇ ਇਲਾਕਿਆਂ ਤੋਂ ਦੇਸੀ ਹਥਿਆਰਾਂ ਦੀ ਤਸਕਰੀ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਕਾਲਜ ਜਾਣ ਵਾਲੇ ਨੌਜਵਾਨਾਂ ਨੂੰ ਕਾਫ਼ੀ ਮੁਨਾਫ਼ੇ ਲਈ ਵੇਚ ਰਹੇ ਸਨ। ਤਸਕਰੀ ਦੇ ਨੈੱਟਵਰਕ ਦਾ ਪਤਾ ਲਗਾਉਣ ਲਈ ਦੋਵਾਂ ਮਾਮਲਿਆਂ ਦੀ ਹੋਰ ਜਾਂਚ ਜਾਰੀ ਏ ।

---------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ  ਪਰਾਲੀ ਨਾ ਸਾੜਨ ਵਾਲੇ ਪਟਿਆਲਾ ਜ਼ਿਲ੍ਹੇ ਦੇ 22 ਕਿਸਾਨਾਂ ਨੂੰ 'ਵਾਤਾਵਰਣ ਦੇ ਰਾਖੇ' ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਤਰਫ਼ੋਂ ਕਿਸਾਨਾਂ ਨੂੰ ਪ੍ਰਸ਼ੰਸਾ ਪੱਤਰ ਪ੍ਰਦਾਨ ਕਰਦਿਆਂ ਏਡੀਸੀ  ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਦੀ ਅਗਾਂਹਵਧੂ ਸੋਚ ਹੋਰਨਾਂ ਕਿਸਾਨਾਂ ਲਈ ਮਾਰਗਦਰਸ਼ਕ ਬਣ ਰਹੀ ਏ । ਉਨ੍ਹਾਂ ਸਨਮਾਨਿਤ ਕੀਤੇ ਗਏ ਸਾਰੇ 22 ਕਿਸਾਨਾਂ ਨੂੰ ਵਧਾਈ ਦਿੰਦਿਆਂ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਦੇ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਸਾੜਨ ਦੀ ਬਜਾਏ ਇਸ ਦੇ ਸੁਚੱਜੇ ਪ੍ਰਬੰਧਨ ਲਈ ਪ੍ਰੇਰਿਤ ਕਰਨ, ਤਾਂ ਜੋ ਸਾਂਝੇ ਯਤਨਾਂ ਨਾਲ ਸਾਫ਼-ਸੁਥਰੇ ਵਾਤਾਵਰਣ ਦੀ ਸਿਰਜਣਾ ਕੀਤੀ ਜਾ ਸਕੇ।

ਇਸ ਮੌਕੇ ਸਨਮਾਨਿਤ ਕਿਸਾਨ  ਨਛੱਤਰ ਸਿੰਘ  ਨੇ ਕਿਹਾ -

BYTE

-----------------------------------------------------

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ ਕੇਂਦਰੀ ਜਾਂਚ ਬਿਊਰੋ -CBI ਦੀਆਂ ਟੀਮਾਂ ਨੇ ਬੀਤੇ ਦਿਨੀ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਕਥਿਤ ਨਾਜਾਇਜ਼ ਮਾਈਨਿੰਗ ਦੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ । ਸੀਬੀਆਈ ਦੀਆਂ ਟੀਮਾਂ ਨੇ ਦਸੂਹਾ ਵਿਧਾਨ ਸਭਾ ਹਲਕੇ ਦੇ ਤਲਵਾੜਾ ਅਤੇ ਹਾਜੀਪੁਰ ਬਲਾਕਾਂ ਵਿੱਚ ਮਾਈਨਿੰਗ ਵਾਲੀਆਂ ਥਾਵਾਂ ਅਤੇ ਸਟੋਨ

ਕਰੱਸ਼ਰਾਂ ਦਾ ਦੌਰਾ ਕੀਤਾ। ਇੱਕ ਦਰਜਨ ਤੋਂ ਵੱਧ ਸੀਬੀਆਈ ਅਧਿਕਾਰੀਆਂ ਦੀਆਂ ਟੀਮਾਂ ਨੇ ਪਿੰਡ ਅਮਰੋਹ, ਘਗਵਾਲ, ਜੀਵਨਵਾਲ, ਨੌਸ਼ਹਿਰਾ ਅਤੇ ਸੰਧਵਾਲ ਵਿੱਚ ਵੱਖ-ਵੱਖ ਥਾਵਾਂ ’ਤੇ ਜਾਂਚ ਕੀਤੀ। ਟੀਮਾਂ ਨੇ ਸਾਰਾ ਦਿਨ ਜਾਂਚ ਜਾਰੀ ਰੱਖੀ। ਦੌਰੇ ਦੌਰਾਨ ਜ਼ਿਆਦਾਤਰ ਸਟੋਨ ਕਰੱਸ਼ਰ ਬੰਦ ਪਾਏ ਗਏ। ਮਾਈਨਿੰਗ ਅਤੇ ਖਣਨ ਸਮੱਗਰੀ ਦੀ ਢੋਆ-ਢੁਆਈ ਲਈ ਵਰਤੀਆਂ ਜਾਂਦੀਆਂ ਪੋਕਲੇਨ ਮਸ਼ੀਨਾਂ, ਅਰਥਮੂਵਰਾਂ, ਟਿੱਪਰਾਂ ਅਤੇ ਹੋਰ ਭਾਰੀ ਮਸ਼ੀਨਰੀ ਵੀ ਕਈ ਥਾਵਾਂ ਤੋਂ ਗਾਇਬ ਮਿਲੀ। ਕੁਝ ਥਾਵਾਂ ’ਤੇ ਭਾਰੀ ਮਸ਼ੀਨਰੀ ਨੂੰ ਸੁੰਨਸਾਨ ਇਲਾਕਿਆਂ ਵਿੱਚ ਝਾੜੀਆਂ ਅਤੇ ਦਰੱਖਤਾਂ ਪਿੱਛੇ ਲੁਕਾ ਕੇ ਰੱਖਿਆ ਹੋਣ ਦੀ ਗੱਲ ਵੀ ਸਾਹਮਣੇ ਆਈ। ਹਾਲਾਂਕਿ, ਟੀਮਾਂ ਨੇ ਜਾਂਚ ਸਬੰਧੀ ਕੋਈ ਵੀ ਅਧਿਕਾਰਤ ਜਾਣਕਾਰੀ ਸਾਂਝੀ ਨਹੀਂ ਕੀਤੀ।

----------------------------------------------------

ਪੰਜਾਬ ਸਰਕਾਰ ਦੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਬਰਨਾਲਾ ਦੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਨੇ ਪਿੰਡ ਢਿਲਵਾਂ ਦੱਖਣ ਵਿੱਚ ਦੋ ਥਾਵਾਂ ਨੂੰ ਮਨੋਰੰਜਨ ਸਹੂਲਤਾਂ ਵਜੋਂ ਵਿਕਸਿਤ ਕਰਨ ਦੇ ਨਿਰਦੇਸ਼ ਦਿੱਤੇ ਨੇ ਇਨ੍ਹਾਂ ਵਿੱਚ ਬੱਚਿਆਂ ਲਈ ਖੇਡ ਮੈਦਾਨ ਅਤੇ ਪਿੰਡ ਵਾਸੀਆਂ ਲਈ ਇੱਕ ਪਾਰਕ ਬਣਾਇਆ ਜਾਵੇਗਾ। ਇਹ ਨਿਰਦੇਸ਼ ਇੱਕ ਮੀਟਿੰਗ ਦੌਰਾਨ ਢਿੱਲਵਾਂ (ਦੱਖਣ) ਪਿੰਡ ਦੇ ਸਰਪੰਚ ਹਰਵਿੰਦਰ ਸਿੰਘ

ਖ਼ਾਲਸਾ ਵੱਲੋਂ ਇਹ ਮੁੱਦਾ ਉਠਾਏ ਜਾਣ ਤੋਂ ਬਾਅਦ ਦਿੱਤੇ ਗਏ। ਪਿੰਡ ਵਿੱਚ ਢਿੱਲਵਾਂ (ਦੱਖਣ) ਸਮੇਤ ਛੇ ਪੰਚਾਇਤਾਂ ਨੇ ਪਰ ਬੱਚਿਆਂ ਅਤੇ ਨੌਜਵਾਨਾਂ ਲਈ ਇੱਕ ਵੱਡੇ ਸਟੇਡੀਅਮ ਦੀ ਸਹੂਲਤ ਉਪਲੱਬਧ ਨਹੀਂ ਏ। ਸਰਪੰਚ ਨੇ ਪਿੰਡ ਵਿੱਚ ਖਾਲੀ ਪਏ ਇੱਕ ਹੋਰ ਪਲਾਟ ਵੱਲ ਵੀ ਧਿਆਨ ਦਿਵਾਇਆ। ਉਨ੍ਹਾਂ ਨੇ ਇਸ ਥਾਂ ਦੀ ਸਫ਼ਾਈ ਕਰਵਾ ਕੇ ਉੱਥੇ ਪਾਰਕ ਵਿਕਸਿਤ ਕਰਨ ਦੀ ਤਜਵੀਜ਼ ਰੱਖੀ ਏ ਤਾਂ ਜੋ ਪਿੰਡ ਵਾਸੀ ਇਸ ਥਾਂ ਦੀ ਮੁੜ ਵਰਤੋਂ ਕਰ ਸਕਣ। ਮਾਮਲੇ ਦਾ ਨੋਟਿਸ ਲੈਂਦਿਆਂ, ਡਿਪਟੀ ਕਮਿਸ਼ਨਰ  ਨੇ ਤੁਰੰਤ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ  ਨੂੰ ਨਿਰਦੇਸ਼ ਦਿੱਤੇ ਕਿ ਢਿੱਲਵਾਂ ਦੱਖਣ ਵਿੱਚ ਦੋਵਾਂ ਥਾਵਾਂ ਦੀ ਸਫ਼ਾਈ ਯਕੀਨੀ ਬਣਾਈ ਜਾਵੇ ਅਤੇ ਉੱਥੇ ਖੇਡ ਮੈਦਾਨ ਤੇ ਪਾਰਕ ਵਿਕਸਿਤ ਕੀਤੇ ਜਾਣ। ਇਸ  ਪਹਿਲਕਦਮੀ ਦਾ ਉਦੇਸ਼ ਸਿਰਫ਼ ਸਖ਼ਤ ਕਾਰਵਾਈ ਰਾਹੀਂ ਹੀ ਨਹੀਂ, ਸਗੋਂ ਪਿੰਡ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਕੇ ਵੀ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣਾ ਏ।

-------------------------------------------------------

ਅੱਜ ਸਵੇਰੇ ਪਠਾਨਕੋਟ, ਗੁਰਦਾਸਪੁਰ, ਮੁਕਤਸਰ ਅਤੇ ਮਾਨਸਾ ਸਮੇਤ ਹੋਰਨਾਂ ਕਈ ਜ਼ਿਲਿਆਂ ਵਿੱਚ ਤੇਜ਼  ਮੀਂਹ ਪਿਆ। ਮੀਂਹ ਕਾਰਨ ਨੀਵੇਂ ਇਲਾਕਿਆਂ ਵਿਚ ਪਾਣੀ ਭਰ ਗਿਆ ਅਤੇ ਨਾਲ ਹੀ ਮੰਡੀਆਂ ਵਿੱਚ ਪਿਆ ਝੋਨਾ ਭਿੱਜ ਗਿਆ ਏ। ਓਧਰ ਜਿਲਾ ਸ਼੍ਰੀ ਮੁਕਤਸਰ ਸਾਹਿਬ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਜ਼ਿਲੇ ਦੇ ਪਿੰਡ ਸਰਾਏ ਨਾਗਾ ਵਿਖੇ ਤੇਜ਼

ਹਨੇਰੀ ਅਤੇ ਝੱਖੜ ਕਾਰਨ ਕਈ ਘਰਾਂ ਦੀਆਂ ਛੱਤਾਂ ਉੱਡ ਗਈਆਂ । ਕਿਸਾਨ ਸਵਰਨ ਸਿੰਘ ਨੇ ਦੱਸਿਆ ਕਿ ਪੱਕੀ ਹੋਈ ਫਸਲ 'ਤੇ ਗੜੇਮਾਰੀ ਹੋਣ ਕਰਕੇ 90 ਫੀਸਦੀ ਵਾਢੀਯੋਗ ਫਸਲ ਪੂਰੀ ਤਰਾਂ ਤਬਾਹ ਹੋ ਗਈ ਏ। ਪੀੜਤ ਕਿਸਾਨਾਂ ਨੇ ਜਿਲਾ ਪ੍ਰਸ਼ਾਸਨ ਤੋਂ ਮੁਆਵਜੇ ਦੀ ਮੰਗ ਕੀਤੀ ਏ । ਇਸੇ ਦੌਰਾਨ ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਲਈ ORANGE ALERT ਜਾਰੀ ਕੀਤਾ ਏ । ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਅਤੇ ਰਾਜਸਥਾਨ ਵਿੱਚ ਅੱਜ ਗੜੇਮਾਰੀ ਦੇ ਨਾਲ ਹਨੇਰੀ ਝਖੜ ਆਉਣ ਦੀ ਸੰਭਾਵਨਾ ਵੀ ਜਤਾਈ ਏ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਮਾਹਿਰ ਡਾ. ਜਤਿੰਦਰ ਕੌਰ ਨੇ ਕਿਸਾਨਾਂ ਨੂੰ ਖੇਤੀਬਾੜੀ ਦੇ ਕੰਮ ਮੌਸਮ ਦੀ ਸਥਿਤੀ ਨੂੰ ਧਿਆਨ ਵਿੱਚ ਰੱਖ ਕੇ ਕਰਨ ਅਤੇ ਫ਼ਸਲਾਂ ਦੇ ਨੁਕਸਾਨ ਤੋਂ ਬਚਾਅ ਲਈ ਲੋੜੀਂਦੇ ਅਗਾਊਂ ਪ੍ਰਬੰਧ ਕਰਨ ਦੀ ਸਲਾਹ ਦਿੱਤੀ ਏ । ਮੁੱਖ ਖੇਤੀਬਾੜੀ ਅਫ਼ਸਰ ਡਾ ਹਰਜਿੰਦਰ ਸਿੰਘ ਨੇ ਮੀਂਹ ਦੀ ਸੰਭਾਵਨਾ ਨੂੰ ਧਿਆਨ ਵਿੱਚ ਰੱਖਦੇ ਹੋਏ ਖੇਤਾਂ ਵਿੱਚ ਸਿੰਚਾਈ ਕਰਨ ਤੋਂ ਗੁਰੇਜ਼ ਕਰਨ ਦੀ ਸਲਾਹ ਦਿੱਤੀ ਏ।

--------------------------------------------------------

ਭਾਰਤੀ ਪਹਿਲਵਾਨ ਵਿਸ਼ਵਜੀਤ ਰਾਮ-ਚੰਦਰ ਮੋਰ ਨੇ ਅੰਡਰ-23 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ ਦੇ ਗ੍ਰੀਕੋ-ਰੋਮਨ ਵਿੱਚ ਚਾਂਦੀ ਦਾ ਤਮਗਾ ਜਿੱਤ ਕੇ ਇਤਿਹਾਸ ਰਚ ਦਿੱਤਾ ਏ। ਵਿਸ਼ਵਜੀਤ ਨੂੰ ਅੱਜ ਅਮਰੀਕਾ ਦੇ ਲਾਸ ਵੇਗਾਸ ਵਿੱਚ, ਮਰਦਾਂ ਦੇ 55 ਕਿਲੋ ਵਰਗ ਦੇ ਇੱਕ ਰੋਮਾਂਚਕ

ਫਾਈਨਲ ਵਿੱਚ, ਜਾਰਜੀਆ ਦੇ ਕੋਬਾ ਕਰੁ-ਮਿਦਜ਼ੇ ਤੋਂ 12-13 ਦੇ ਮਾਮੂਲੀ ਫਰਕ ਨਾਲ ਹਾਰ ਦਾ ਸਾਹਮਣਾ ਕਰਨਾ ਪਿਆ। ਅੰਡਰ-23 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਪਹਿਲੀ ਵਾਰ, ਕੋਈ ਭਾਰਤੀ ਪਹਿਲਵਾਨ ਗ੍ਰੀਕੋ-ਰੋਮਨ ਦੇ ਫਾਈਨਲ ਵਿੱਚ ਪਹੁੰਚਿਆ ਅਤੇ ਪਹਿਲੀ ਵਾਰ ਤਮਗਾ ਹਾਸਿਲ ਕੀਤਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਏਸ਼ੀਅਨ ਖੇਡਾਂ-2026 ਵਿੱਚ ਹਿੱਸਾ ਲੈਣ ਵਾਲੇ ਭਾਰਤੀ ਦਲ ਨਾਲ ਗੱਲਬਾਤ ਕੀਤੀ-ਕਿਹਾ ਕਿ ਖਿਡਾਰੀਆਂ ਨੇ ਤਮਗੇ ਜਿੱਤ ਕੇ, ਦੇਸ਼ ਦੇ ਕਰੋੜਾਂ ਦੇਸ਼ਵਾਸੀਆਂ ਦਾ ਮਾਣ ਵਧਾਇਆ ਏ।

- ਸਰਵਉੱਚ ਅਦਾਲਤ ਦਾ ਫੈਸਲਾ -ਇਸਲਾਮ ਧਰਮ ਅਪਣਾਉਣ ਵਾਲੇ ਹਿੰਦੂ ਪਛੜੇ ਵਰਗਾਂ ਲਈ ਰਾਖਵੇਂਕਰਨ ਦਾ ਲਾਭ ਨਹੀਂ ਲੈ ਸਕਦੇ।

- ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ, ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ ਅਤੇ ਉਸਨੂੰ ਪਨਾਹ ਦੇਣ ਵਾਲੇ ਸਾਥੀ ਵਿਪਿਨ ਗਰਗ ਨੂੰ, 22 ਅਕਤੂਬਰ ਤੱਕ ਪੁਲਿਸ ਹਿਰਾਸਤ ਵਿੱਚ ਭੇਜਿਆ ਗਿਆ।

- ਕੇਂਦਰ ਸਰਕਾਰ ਵਲੋਂ ਫਾਜ਼ਿਲਕਾ ਵਿੱਚ ਸੇਮ ਦੇ ਪੱਕੇ ਹੱਲ ਲਈ ਪਹਿਲਕਦਮੀ-BJP ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕੀਤਾ ਸਵਾਗਤ।

- ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਅਤੇ ਮੋਹਾਲੀ ਵਿੱਚ ਦੋ ਵੱਖ-ਵੱਖ ਕਾਰਵਾਈਆਂ ਵਿੱਚ, 23 ਪਿਸਤੌਲ, ਦੋ ਹੱਥ ਗੋਲੇ , 1 ਅਸਾਲਟ ਰਾਈਫਲ ਅਤੇ ਗੋਲਾ ਬਾਰੂਦ ਬਰਾਮਦ ਕੀਤਾ।

- ਭਾਰਤੀ ਪਹਿਲਵਾਨ ਵਿਸ਼ਵਜੀਤ ਰਾਮ-ਚੰਦਰ ਮੋਰ ਨੇ ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ ਦੇ ਗ੍ਰੀਕੋ-ਰੋਮਨ ਫਾਈਨਲ ਵਿੱਚ, ਚਾਂਦੀ ਦਾ ਤਮਗਾ ਜਿੱਤ ਕੇ ਇਤਿਹਾਸ ਰਚਿਆ।

---------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਰਾਤ ਸਾਢੇ 8 ਵਜੇ ਹੋਏਗਾ।**

**ਨਮਸ੍ਕਾਰ**